**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 16-01-2025**

ਅੱਜ ਭਾਰਤ ਸਟਾਰ-ਟਅੱਪ ਇੰਡੀਆ ਦੀ 9ਵੀਂ ਵਰ੍ਹੇਗੰਢ ਮਨਾ ਰਿਹਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਰਕਾਰ ਨੇ, ਦੇਸ਼ ਵਿੱਚ ਸਟਾਰਟਅੱਪ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕੀਤਾ ਏ । ਇਸ ਪਰਿਵਰਤਨਸ਼ੀਲ ਪਹਿਲਕਦਮੀ ਨੇ ਪਿਛਲੇ 9 ਸਾਲਾਂ ਵਿੱਚ ਅਣਗਿਣਤ ਨੌਜਵਾਨਾਂ ਨੂੰ ਸ਼ਕਤੀ ਪ੍ਰਦਾਨ ਕੀਤੀ ਏ ਅਤੇ ਉਨ੍ਹਾਂ ਦੇ ਨਵੀਨਤਾਕਾਰੀ ਵਿਚਾਰਾਂ ਨੂੰ ਸਫਲ ਸ਼ੁਰੂਆਤ ਵਿੱਚ ਬਦਲਿਆ ਏ।

**BYTE:**

ਸ੍ਰੀ ਮੋਦੀ ਨੇ ਕਿਹਾ ਕਿ ਸਰਕਾਰ ਦੀਆਂ ਨੀਤੀਆਂ 'ਕਾਰੋਬਾਰ ਕਰਨ ਦੀ ਸੌਖ' 'ਤੇ ਕੇਂਦ੍ਰਿਤ ਨੇ , ਸਰੋਤਾਂ ਤੱਕ ਵੱਧ ਤੋਂ ਵੱਧ ਪਹੁੰਚ ਯਕੀਨੀ ਬਣਾਉਣ ਅਤੇ ਹਰ ਮੋੜ 'ਤੇ ਸਟਾਰਟ-ਅੱਪਸ ਨੂੰ ਸਮਰਥਨ ਦੇਣ 'ਤੇ

ਕੇਂਦਰਿਤ ਨੇ । ਉਨ੍ਹਾਂ ਕਿਹਾ ਕਿ ਸਰਕਾਰ, ਕਾਡਾਂ ਅਤੇ ਇਨਕਿਊ-ਬੇਸ਼ਨ ਕੇਂਦਰਾਂ ਨੂੰ ਸਰਗਰਮੀ ਨਾਲ ਉਤਸ਼ਾਹਿਤ ਕਰ ਰਹੀ ਏ ਤਾਂ ਜੋ ਦੇਸ਼ ਦੇ ਨੌਜਵਾਨ ਜੋਖਮ ਲੈਣ ਵਾਲੇ ਬਣ ਸਕਣ। ਉਨ੍ਹਾਂ ਕਿਹਾ ਕਿ ਸਟਾਰਟਅੱਪ ਇੰਡੀਆ ਪ੍ਰੋਗਰਾਮ ਦੀ ਸਫ਼ਲਤਾ ਦਰਸਾਉਂਦੀ ਏ ਕਿ ਅੱਜ ਦੇਸ਼ ਗਤੀਸ਼ੀਲ, ਆਤਮ-ਵਿਸ਼ਵਾਸ ਅਤੇ ਭਵਿੱਖ ਲਈ ਤਿਆਰ ਏ ।

---------------------------------------------------

ਭਾਰਤੀ ਪੁਲਾੜ ਖੋਜ ਸੰਗਠਨ-ਇਸਰੋ ਨੇ ਅੱਜ ਸਪੇਸ-ਡੇਕਸ ਮਿਸ਼ਨ ਤਹਿਤ, ਦੋ ਉਪਗ੍ਰਹਿਆਂ ਦੀ ਡੌਕਿੰਗ ਨੂੰ ਸਫਲਤਾ-ਪੂਰਵਕ ਪੂਰਾ ਕੀਤਾ । ਇਸ ਉਪਲਬਧੀ ਦੀ ਸ਼ਲਾਘਾ ਕਰਦੇ ਹੋਏ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਉਪਗ੍ਰਹਿਆਂ ਦੇ ਪੁਲਾੜ ਡੌਕਿੰਗ ਦੇ ਸਫਲ ਪ੍ਰਦਰਸ਼ਨ ਲਈ, ਇਸਰੋ ਦੇ ਵਿਗਿਆਨੀਆਂ ਅਤੇ ਪੁਲਾੜ ਟੀਮ ਨੂੰ ਵਧਾਈ ਦਿੱਤੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਮਿਸ਼ਨ ਆਉਣ ਵਾਲੇ ਸਾਲਾਂ ਵਿੱਚ ਦੇਸ਼ ਦੇ ਅਭਿਲਾਸ਼ੀ ਪੁਲਾੜ ਮਿਸ਼ਨਾਂ ਲਈ ਇੱਕ ਮਹੱਤਵਪੂਰਨ ਕਦਮ ਸਾਬਤ ਹੋਵੇਗਾ। ਕੇਂਦਰੀ ਵਿਗਿਆਨ ਅਤੇ ਤਕਨਾਲੋਜੀ ਰਾਜ ਮੰਤਰੀ ਡਾ: ਜਤਿੰਦਰ ਸਿੰਘ ਨੇ, ਇਸ ਨੂੰ

ਬੇਮਿਸਾਲ ਪ੍ਰਾਪਤੀ ਦੱਸਿਆ ਏ। ਡਾ: ਜਤਿੰਦਰ ਸਿੰਘ ਨੇ ਕਿਹਾ ਕਿ ਇਹ ਪੂਰੀ ਤਰ੍ਹਾਂ ਸਵਦੇਸ਼ੀ ਭਾਰਤੀ ਡੌਕਿੰਗ ਪ੍ਰਣਾਲੀ ਏ। ਇਹ ਪ੍ਰਣਾਲੀ ਭਾਰਤੀ ਪੁਲਾੜ ਸਟੇਸ਼ਨ, ਚੰਦਰਯਾਨ-4 ਅਤੇ ਗਗਨ-ਯਾਨ ਸਮੇਤ ਭਵਿੱਖ ਦੇ ਆਸਵੰਦ ਮਿਸ਼ਨਾਂ ਦੇ ਨਿਰਵਿਘਨ ਸੰਚਾਲਨ ਲਈ ਰਾਹ ਪੱਧਰਾ ਕਰੇਗੀ।

-----------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਸੂਬਾ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜੱਦੀ ਪਿੰਡ ਵਿਖੇ ਇੱਕ ਵਿਰਾਸਤੀ ਗਲੀ ਦਾ ਨਿਰਮਾਣ ਕਰੇਗੀ। ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਨਗਰ ਦੇ ਖਟਕੜ ਕਲਾਂ ਵਿਖੇ ਇਹ 850 ਮੀਟਰ ਲੰਬੀ ਵਿਰਾਸਤੀ ਗਲੀ ਅਜਾਇਬਘਰ ਤੋਂ ਮਹਾਨ ਸ਼ਹੀਦ ਦੇ ਜੱਦੀ ਘਰ ਤੱਕ ਬਣਾਈ ਜਾਵੇਗੀ। ਇਹ ਵਿਰਾਸਤੀ ਗਲੀ ਆਜ਼ਾਦੀ ਸੰਗਰਾਮ ਦੌਰਾਨ ਸੂਬੇ ਦੇ ਸ਼ਾਨਦਾਰ ਯੋਗਦਾਨ ਨੂੰ ਦਰਸਾਵੇਗੀ ਜਿਸ ਨਾਲ ਨੌਜਵਾਨਾਂ ਨੂੰ ਦੇਸ਼ ਲਈ ਜੋਸ਼ ਨਾਲ ਕੰਮ ਕਰਨ ਲਈ ਪ੍ਰੇਰਨਾ ਮਿਲੇਗੀ। ਮੁੱਖ ਮੰਤਰੀ ਨੇ ਇਹ ਐਲਾਨ ਕੱਲ੍ਹ ਸ਼ਾਹੀ ਸ਼ਹਿਰ ਪਟਿਆਲਾ ਦੇ ਕਿਲਾ ਮੁਬਾਰਕ ਵਿਖੇ

ਬਣੇ ਆਪਣੀ ਕਿਸਮ ਦੇ ਪਹਿਲੇ ਬੁਟੀਕ ਅਤੇ ਵਿਰਾਸਤੀ ਹੋਟਲ ਰਣ ਬਾਸ ਪੈਲੇਸ ਨੂੰ ਲੋਕਾਂ ਨੂੰ ਸਮਰਪਿਤ ਕਰਦੇ ਹੋਏ ਕੀਤਾ।

---------------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਬਰਲਟਨ ਪਾਰਕ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਕੰਮਾਂ ਦੀ ਰਫ਼ਤਾਰ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੰਦਿਆਂ ਇਸ ਪਾਰਕ ਨੂੰ ਸਪੋਰਟਸ ਹੱਬ ਦੇ ਨਾਲ-ਨਾਲ ਸ਼ਹਿਰ ਵਿੱਚ ਖਿੱਚ ਦੇ ਕੇਂਦਰ ਵਜੋਂ ਵਿਕਸਿਤ ਕਰਨ 'ਤੇ ਜ਼ੋਰ ਦਿੱਤਾ ਏ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਨਗਰ ਨਿਗਮ ਦੇ ਕਮਿਸ਼ਨਰ ਗੌਤਮ ਜੈਨ ਸਮੇਤ ਸਬੰਧਤ ਵਿਭਾਗਾਂ ਅਤੇ ਨਗਰ ਨਿਗਮ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਬਰਲਟਨ ਪਾਰਕ ਦੇ ਸੁੰਦਰੀਕਰਨ, ਸਾਫ-ਸਫਾਈ, ਰੌਸ਼ਨੀ ਲਈ ਢੁੱਕਵੇਂ ਪ੍ਰਬੰਧ, ਹਰਿਆਲੀ, ਚਾਰਦੀਵਾਰੀ ਆਦਿ ਚੱਲ ਰਹੇ ਕੰਮਾਂ ਦੀ ਤਾਜ਼ਾ ਸਥਿਤੀ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਇਨ੍ਹਾਂ ਵਿਕਾਸ ਕਾਰਜਾਂ ਨੂੰ ਨਿਰਧਾਰਿਤ ਸਮੇਂ ਦੇ ਅੰਦਰ ਮੁਕੰਮਲ ਕਰਨ ਦੀਆਂ ਹਦਾਇਤਾਂ

ਦਿੱਤੀਆਂ। ਡਾ. ਅਗਰਵਾਲ ਨੇ ਦੱਸਿਆ ਕਿ ਬਰਲਟਨ ਪਾਰਕ ਵਿੱਚ 30 ਫਲੱਡ ਲਾਈਟਾਂ ਲਾ ਕੇ ਸ਼ਾਮ ਸਮੇਂ ਰੌਸ਼ਨੀ ਲਈ ਢੁੱਕਵਾਂ ਪ੍ਰਬੰਧ ਕਰ ਦਿੱਤਾ ਗਿਆ ਹੈ, ਜਿਸ ਸਦਕਾ ਖਿਡਾਰੀ ਹੁਣ ਰਾਤ ਸਮੇਂ ਵੀ ਨੈੱਟ ਪ੍ਰੈਕਟਿਸ ਕਰ ਸਕਦੇ ਨੇ। ਉਨ੍ਹਾਂ ਇਸ ਹਫ਼ਤੇ ਦੇ ਅਖੀਰ ਤੱਕ ਪਾਰਕ ਵਿੱਚ ਐਂਟਰੀ ਤੇ ਐਗਜ਼ਿਟ ਗੇਟ ਲਗਾਉਣ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਇਨ੍ਹਾਂ ਗੇਟਾਂ ਨੂੰ ਸਮੇਂ ਸਿਰ ਖੋਲ੍ਹਣ ਅਤੇ ਰਾਤ ਸਮੇਂ ਬੰਦ ਕਰਨ ਨੂੰ ਯਕੀਨੀ ਬਣਾਉਣ ਲਈ ਸਮਰਪਿਤ ਕਰਮਚਾਰੀ ਦੀ ਤਾਇਨਾਤੀ ਕੀਤੀ ਜਾਵੇ ਤਾਂ ਜੋ ਪਾਰਕ ਅੰਦਰ ਆਉਣ-ਜਾਣ ਵਾਲੇ ਖਿਡਾਰੀਆਂ ਅਤੇ ਲੋਕਾਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ 19 ਜਨਵਰੀ ਨੂੰ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ 'ਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਇਸ ਰੇਡੀਓ ਪ੍ਰੋਗਰਾਮ ਦਾ 118ਵਾਂ ਐਪੀਸੋਡ ਹੋਵੇਗਾ। ਸਰੋਤੇ ਟੋਲ ਫਰੀ ਨੰਬਰ 1800-11-7800 'ਤੇ ਪ੍ਰੋਗਰਾਮ ਲਈ, ਆਪਣੇ ਵਿਚਾਰ ਅਤੇ

ਸੁਝਾਅ ਭੇਜ ਸਕਦੇ ਨੇ। ਸਰੋਤੇ ਨਰੇਂਦਰ ਮੋਦੀ ਐਪ ਜਾਂ MyGov ਓਪਨ ਫੋਰਮ ਰਾਹੀਂ ਵੀ ਆਪਣੇ ਸੁਝਾਵ ਜਾਂ ਵਿਚਾਰ ਔਨਲਾਈਨ ਭੇਜ ਕਰ ਸਕਦੇ ਨੇ। ਸੁਝਾਅ ਕਲ ਤੱਕ ਭੇਜੇ ਜਾ ਸਕਦੇ ਨੇ।

---------------------------------------------------

ਮੌਸਮ ਵਿਭਾਗ ਨੇ ਪੰਜਾਬ ਵਿੱਚ ਧੁੰਦ ਨੂੰ ਲੈ ਕੇ ਚੇਤਾਵਨੀ ਜਾਰੀ ਕੀਤੀ ਏ। ਪਿਛਲੇ 24 ਘੰਟਿਆਂ ਵਿੱਚ ਔਸਤ ਵੱਧ ਤੋਂ ਵੱਧ ਤਾਪਮਾਨ ਵਿੱਚ -0.5 ਡਿਗਰੀ ਅਤੇ ਘੱਟ ਤੋਂ ਘੱਟ ਤਾਪਮਾਨ ਵਿੱਚ 1 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ। ਹਾਲਾਂਕਿ, ਇਹ ਤਾਪਮਾਨ ਸੂਬੇ ਵਿੱਚ ਆਮ ਤਾਪਮਾਨ ਦੇ ਨੇੜੇ ਹੀ ਏ। ਪੰਜਾਬ ਦੇ ਨੇੜੇ ਦੋ ਪੱਛਮੀ ਗੜਬੜੀਆਂ ਸਰਗਰਮ ਨੇ ਜਿਨ੍ਹਾਂ ਕਾਰਨ ਅੱਜ ਮੌਸਮ ਵਿਭਾਗ ਨੇ ਕੁਝ ਇਲਾਕਿਆਂ ਵਿੱਚ ਹਲਕੀ ਬਾਰਿਸ਼ ਦੀ ਸੰਭਾਵਨਾ ਜਤਾਈ ਏ। ਮੌਸਮ ਵਿਗਿਆਨ ਕੇਂਦਰ ਮੁਤਾਬਕ ਚੰਡੀਗੜ੍ਹ ਵਿੱਚ ਧੁੰਦ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਇਸ ਦੇ ਨਾਲ ਨਾਲ ਅੰਮ੍ਰਿਤਸਰ, ਤਰਨਤਾਰਨ, ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਲੁਧਿਆਣਾ, ਸੰਗਰੂਰ, ਫਤਿਹਗੜ੍ਹ ਸਾਹਿਬ ਅਤੇ ਪਟਿਆਲਾ ਵਿੱਚ ਧੁੰਦ ਲਈ

ਸੰਤਰੀ ਅਲਰਟ ਜਾਰੀ ਕੀਤਾ ਗਿਆ ਏ। ਜਦਕਿ ਬਾਕੀ ਸ਼ਹਿਰਾਂ ਵਿੱਚ ਯੈਲੋ ਅਲਰਟ ਜਾਰੀ ਕੀਤਾ ਗਿਆ ਏ।